# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**13:40**

**ਮਿਤੀ : 13-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, ਬਲੂਮਬਰਗ ਨਿਊ ਇਕਾਨਮੀ ਫੌਰਮ ਨੂੰ ਸੰਬੋਧਨ ਕੀਤਾ - ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਆਪਣੇ ਸ਼ਾਸਨ ਦ੍ਰਿਸ਼ਟੀਕੋਣ ਵਿੱਚ, 'ਸ਼ਕਤੀ ਤੋਂ ਸ਼ਕਤੀਕਰਨ' ਦੇ ਸਿਧਾਂਤ ਨੂੰ ਅਪਣਾਇਆ ਏ।

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦਹਿਸ਼ਤਗਰਦੀ ਪ੍ਰਤੀ ਭਾਰਤ ਦੀ ਜ਼ੀਰੋ-ਟੌਲਰੈਂਸ ਨੀਤੀ ਨੂੰ ਦੁਹਰਾਉਂਦਿਆਂ, ਇਸ ਦੇ ਮੁਕਾਬਲੇ ਲਈ, ਸਮੂਹਿਕ ਸੰਕਲਪ ਦਾ ਸੱਦਾ ਦਿੱਤਾ ਏ।

- ਅੰਤਰਰਾਸ਼ਟਰੀ ਮੁਦਰਾ ਫੰਡ - IMF ਨੇ ਮੌਜੂਦਾ ਅਤੇ ਅਗਲੇ ਵਿੱਤੀ ਸਾਲ ਲਈ, ਭਾਰਤ ਦੀ GDP ਵਿਕਾਸ ਦਰ ਦਾ ਅਨੁਮਾਨ ਵਧਾ ਕੇ, 7 ਫ਼ੀਸਦੀ ਕਰ ਦਿੱਤਾ ਏ।

- ਦਿੱਲੀ ਪੁਲਿਸ ਨੇ ਕਾਕਰੋਚ ਜਨਤਾ ਪਾਰਟੀ - CJP ਦੇ ਆਗੂਆਂ, ਸੌਰਭ ਦਾਸ ਅਤੇ ਆਸ਼ੂਤੋਸ਼ ਰੰਕਾ ਨੂੰ ਹਿਰਾਸਤ ਵਿੱਚ ਲੈ ਲਿਆ ਏ।

- ਪੰਜਾਬ ਦੇ ਮਾਨਸਾ ਵਿੱਚ ਅੱਜ ਨਸ਼ਾ-ਵਿਰੋਧੀ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ।

*ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ ਨੇ ਆਪਣੇ ਸ਼ਾਸਨ ਦ੍ਰਿਸ਼ਟੀਕੋਣ ਅਤੇ ਕਾਰਜ ਸੱਭਿਆਚਾਰ ਵਿੱਚ 'ਸ਼ਕਤੀ ਤੋਂ ਸਸ਼ਕਤੀਕਰਨ' ਦੇ ਸਿਧਾਂਤ ਨੂੰ ਅਪਣਾਇਆ ਏ। ਨਵੀਂ ਦਿੱਲੀ ਵਿੱਚ ਬਲੂਮਬਰਗ ਨਿਊ ਇਕਾਨਮੀ ਫੋਰਮ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਦੀ ਤਰੱਕੀ ਸਮੂਹਿਕ ਵਿਕਾਸ ਅਤੇ ਸਾਂਝੇ ਮੌਕਿਆਂ 'ਤੇ ਟਿਕੀ ਹੋਈ ਏ।ਉਨ੍ਹਾਂ ਕਿਹਾ ਕਿ ਤਾਕਤ, ਸਿਰਫ਼ ਅੱਗੇ ਵਧਣ ਦੀ ਯੋਗਤਾ ਨਹੀਂ ਏ, ਸਗੋਂ ਇਹ ਦੂਜਿਆਂ ਨੂੰ ਸਮਰੱਥ ਬਣਾਉਣ ਦੀ ਯੋਗਤਾ ਵੀ ਏ।

**BYTE: PM POWER TO EMPOWER**

ਉਨ੍ਹਾਂ ਕਿਹਾ ਕਿ ਮੌਜੂਦਾ ਯੁੱਗ ਵਿੱਚ, ਡਿਜੀਟਲ ਸ਼ਕਤੀ, ਇਸ ਬਦਲਾਅ ਦੇ ਮੁੱਖ ਚਾਲਕਾਂ ਵਿੱਚੋਂ ਇੱਕ ਏ ਅਤੇ ਇਸ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ

ਵਿੱਚ, ਇੱਕ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਡਿਜੀਟਲ ਤਾਕਤ ਨੇ ਭਾਰਤ ਲਈ ਵੱਡੇ ਮੌਕਿਆਂ ਦੇ ਦਰਵਾਜ਼ੇ ਖੋਲ੍ਹ ਦਿੱਤੇ ਨੇ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਸ਼ਵਵਿਆਪੀ ਅਨਿਸ਼ਚਿਤਤਾ ਦੇ ਬਾਵਜੂ, ਭਾਰਤ ਦਾ ਆਰਥਿਕ ਵਿਕਾਸ, ਮਜ਼ਬੂਤ ਨੀਂਹ 'ਤੇ ਟਿਕਿਆ ਹੋਇਆ ਏ। ਉਨ੍ਹਾਂ ਕਿਹਾ ਕਿ ਮੌਜੂਦਾ ਵਿੱਤੀ ਸਾਲ ਦੀ ਪਹਿਲੀ ਤਿਮਾਹੀ ਵਿੱਚ, ਜੀਡੀਪੀ ਵਾਧਾ ਦਰ 7.8 ਫ਼ੀਸਦੀ ਸੀ। ਸ੍ਰੀ ਮੋਦੀ ਨੇ ਕਿਹਾ ਕਿ ਅੱਜ ਭਾਰਤ ਦਾ ਵਿਦੇਸ਼ੀ ਮੁਦਰਾ ਭੰਡਾਰ 700 ਅਰਬ ਡਾਲਰ ਤੋਂ ਵੱਧ ਏ ਅਤੇ ਬੈਂਕਿੰਗ ਪ੍ਰਣਾਲੀ ਦਹਾਕਿਆਂ ਵਿੱਚ ਆਪਣੀ ਸਭ ਤੋਂ ਮਜ਼ਬੂਤ ਸਥਿਤੀ ਵਿੱਚ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੀ ਸੁਧਾਰ ਐਕਸਪ੍ਰੈਸ ਤੇਜ਼ ਰਫ਼ਤਾਰ ਨਾਲ ਅੱਗੇ ਵਧ ਰਹੀ ਏ।

ਪ੍ਰਧਾਨ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਵਿੱਚ ਭਾਰਤ ਦੀ ਤਰੱਕੀ ਸਾਰਿਆਂ ਦੇ ਨਾਲ ਅੱਗੇ ਵਧਣ ਅਤੇ ਸਾਰਿਆਂ ਨੂੰ ਇਕੱਠੇ ਲਿਆਉਣ ਦੀ ਕਹਾਣੀ ਏ। ਉਨ੍ਹਾਂ ਕਿਹਾ ਕਿ ਜਦੋਂ ਵੀ ਦੁਨੀਆ ਨੂੰ ਇੱਕ ਮਜ਼ਬੂਤ ਥੰਮ੍ਹ ਦੀ ਲੋੜ ਹੁੰਦੀ ਏ, ਤਾਂ ਭਾਰਤ ਆਪਣੀ ਜ਼ਿੰਮੇਵਾਰੀ ਨੂੰ ਸਮਝਦੇ ਹੋਏ ਮਦਦ ਦਾ ਹੱਥ ਵਧਾਉਂਦਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਅੱਜ ਭਾਰਤ ਵਿੱਚ 2 ਹਜ਼ਾਰ ਤੋਂ ਵੱਧ ਗਲੋਬਲ ਕੰਪੀਟੈਂਸ ਸੈਂਟਰ ਨੇ, ਜੋ ਦੁਨੀਆ ਭਰ ਦੀਆਂ ਕੰਪਨੀਆਂ ਨੂੰ ਸੇਵਾਵਾਂ ਪ੍ਰਦਾਨ ਕਰਦੇ ਨੇ।

ਪ੍ਰਧਾਨ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਵਿੱਚ ਤਕਨਾਲੋਜੀ, ਡੇਟਾ, ਗਿਆਨ ਅਤੇ ਨਵੀਨਤਾ, ਸ਼ਕਤੀ ਦੇ ਮਹੱਤਵਪੂਰਨ ਸਰੋਤ ਬਣ ਗਏ ਨੇ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਨਿਰੰਤਰ ਯਤਨ ਇਹ ਯਕੀਨੀ ਬਣਾਉਣ ਦਾ ਏ ਕਿ ਭਾਰਤ ਦੀਆਂ ਸਮਰੱਥਾਵਾਂ ਦੂਜੇ ਦੇਸ਼ਾਂ ਲਈ ਵੀ ਮੌਕਿਆਂ ਦੇ ਨਵੇਂ ਦਰਵਾਜ਼ੇ ਖੋਲ੍ਹਣ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਲੋਕਤੰਤਰ ਦੀ ਜਨਨੀ ਏ।

**BYTE: PM ON DEMOCRACY**

---------------------------------------------------------------

ਭਾਰਤ ਨਵੀਂ ਦਿੱਲੀ ਵਿੱਚ ਬਹੁਪੱਖੀ ਤਕਨੀਕੀ ਅਤੇ ਆਰਥਿਕ ਸਹਿਯੋਗ ਲਈ ਬੰਗਾਲ ਦੀ ਖਾੜੀ ਖੇਤਰ ਦੀ ਪਹਿਲਕਦਮੀ -BIMSTEC ਦੇ ਗ੍ਰਹਿ ਮੰਤਰੀਆਂ ਦੀ ਪਹਿਲੀ ਮੀਟਿੰਗ ਦੀ ਮੇਜ਼ਬਾਨੀ ਕਰ ਰਿਹਾ ਏ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਇਹ ਇਤਿਹਾਸਕ ਮੀਟਿੰਗ ਦਹਿਸ਼ਤਗਰਦੀ, ਸੰਗਠਿਤ ਅਪਰਾਧ, ਨਸ਼ੀਲੇ ਪਦਾਰਥਾਂ, ਤਸਕਰੀ, ਗੈਰ-ਕਾਨੂੰਨੀ ਵਿੱਤੀ ਪ੍ਰਵਾਹ ਅਤੇ ਸਾਈਬਰ ਖਤਰਿਆਂ ਦਾ ਮੁਕਾਬਲਾ ਕਰਨ ਦੇ ਸਾਂਝੇ ਸੰਕਲਪ ਨੂੰ ਉਜਾਗਰ ਕਰਦੀ ਏ। ਉਨ੍ਹਾਂ ਕਿਹਾ ਕਿ ਮੈਂਬਰ ਦੇਸ਼ ਆਪਸੀ ਤਾਲਮੇਲ ਰਾਹੀਂ ਇੱਕ ਸੁਰੱਖਿਅਤ ਅਤੇ ਮਜ਼ਬੂਤ ਬਿਮਸਟੇਕ ਖੇਤਰ ਬਣਾਉਣ ਲਈ ਵਚਨਬੱਧ ਨੇ।

ਇਸ ਮੌਕੇ 'ਤੇ ਬੋਲਦਿਆਂ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਬਿਮਸਟੇਕ ਖੇਤਰੀ ਏਕਤਾ, ਆਰਥਿਕ ਸਹਿਯੋਗ ਅਤੇ ਸਮੂਹਿਕ ਸੁਰੱਖਿਆ ਲਈ ਇੱਕ ਮਹੱਤਵਪੂਰਨ ਮੰਚ ਵਜੋਂ ਉਭਰਿਆ ਏ। ਉਨ੍ਹਾਂ ਕਿਹਾ ਕਿ ਭਾਰਤ ਹਮੇਸ਼ਾ ਸ਼ਾਂਤੀ ਅਤੇ ਮਨੁੱਖੀ ਭਲਾਈ ਲਈ ਵਚਨਬੱਧ ਰਿਹਾ ਏ,

ਜੋ "ਵਸੁਧੈਵ ਕੁਟੁੰਬਕਮ" ਦੇ ਮੰਤਰ 'ਤੇ ਅਧਾਰਤ ਏ। ਸ਼ਾਹ ਨੇ ਕਿਹਾ ਕਿ ਭਾਰਤ ਸਾਰੇ ਦੇਸ਼ਾਂ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦਾ ਸਤਿਕਾਰ ਕਰਦਾ ਏ ਅਤੇ ਵਿਵਾਦਾਂ ਦੇ ਸ਼ਾਂਤੀਪੂਰਨ ਹੱਲ ਦਾ ਸਮਰਥਨ ਕਰਦਾ ਏ।

ਦਹਿਸ਼ਤਗਰਦੀ ਪ੍ਰਤੀ ਭਾਰਤ ਦੀ ਜ਼ੀਰੋ-ਟੌਲਰੈਂਸ ਨੀਤੀ ਨੂੰ ਦੁਹਰਾਉਂਦੇ ਹੋਏ, ਗ੍ਰਹਿ ਮੰਤਰੀ ਨੇ ਇਸ ਦਿਸ਼ਾ ਵਿੱਚ ਸਮੂਹਿਕ ਸੰਕਲਪ ਦਾ ਸੱਦਾ ਦਿੱਤਾ।

**BYTE: AMIT SHAH ON DRUGS**

ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਏ ਕਿ ਕਿਸੇ ਵੀ ਦਹਿਸ਼ਤਗਰਦ ਨੈੱਟਵਰਕ ਨੂੰ ਗੁਆਂਢੀ ਦੇਸ਼ਾਂ ਵਿਰੁੱਧ, ਦਹਿਸ਼ਤਗਰਦੀ ਕਾਰਵਾਈ ਲਈ ਭਰਤੀ, ਪਨਾਹ, ਸਿਖਲਾਈ, ਫੰਡਿੰਗ ਜਾਂ ਜਗ੍ਹਾ ਨਾ ਮਿਲੇ। ਸ੍ਰੀ ਸ਼ਾਹ ਨੇ ਰਾਸ਼ਟਰੀ ਕਾਨੂੰਨਾਂ ਅਤੇ ਵੈਧ ਸੰਧੀਆਂ ਅਨੁਸਾਰ, ਹਵਾਲਗੀ ਅਤੇ ਕਾਨੂੰਨੀ ਸਹਾਇਤਾ ਵਿੱਚ ਆਪਸੀ ਸਹਿਯੋਗ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅਪਰਾਧਿਕ ਨੈੱਟਵਰਕ ਸਰਹੱਦਾਂ ਤੋਂ ਪਾਰ ਕੰਮ ਕਰਦੇ ਨੇ ਅਤੇ ਸਥਾਨਕ ਪੱਧਰ ਦੀਆਂ ਕਮਜ਼ੋਰੀਆਂ ਦਾ ਫਾਇਦਾ ਉਠਾਉਂਦੇ ਨੇ। ਸ੍ਰੀ ਸ਼ਾਹ ਨੇ ਖੁਫੀਆ ਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੇਂਸੀਆਂ, ਵਿੱਤੀ ਨਿਗਰਾਨੀ ਅਤੇ ਸਰਹੱਦੀ ਪ੍ਰਬੰਧਨ ਵਿਚਕਾਰ ਮਜ਼ਬੂਤ ਸਹਿਯੋਗ ਅਤੇ ਤਾਲਮੇਲ ਦੀ ਲੋੜ 'ਤੇ ਜ਼ੋਰ ਦਿੱਤਾ।

---------------------------------------------------

ਅੰਤਰਰਾਸ਼ਟਰੀ ਮੁਦਰਾ ਫੰਡ - IMF ਨੇ ਅਧਿਕਾਰਤ ਤੌਰ 'ਤੇ ਮੌਜੂਦਾ

ਅਤੇ ਅਗਲੇ ਵਿੱਤੀ ਸਾਲ ਲਈ, ਭਾਰਤ ਦੀ GDP ਵਿਕਾਸ ਦਰ ਦਾ ਅਨੁਮਾਨ ਵਧਾ ਕੇ, 7 ਫ਼ੀਸਦੀ ਕਰ ਦਿੱਤਾ ਏ. Bangkok ਵਿੱਚ IMF ਦੀ ਅੰਤਰਰਾਸ਼ਟਰੀ ਮੁਦਰਾ ਫੰਡ ਦੀ ਸਾਲਾਨਾ ਮੀਟਿੰਗ ਵਿੱਚ, ਅਕਤੂਬਰ 2026 ਲਈ ਵਿਸ਼ਵ ਆਰਥਿਕ ਦ੍ਰਿਸ਼ਟੀਕੋਣ 'ਚ ਮਹੱਤਵਪੂਰਨ ਸੋਧ ਕੀਤੀ ਗਈ. IMF ਨੇ ਜੁਲਾਈ ਵਿੱਚ ਵਿਕਾਸ ਦਰ ਦੇ ਅਨੁਮਾਨ, ਮੌਜੂਦਾ ਵਿੱਤੀ ਸਾਲ ਲਈ 6.4 ਫ਼ੀਸਦੀ ਅਤੇ ਆਉਣ ਵਾਲੇ ਵਿੱਤੀ ਸਾਲ ਲਈ 6.7 ਫ਼ੀਸਦੀ ਰਹਿਣ ਦੀ ਪੇਸ਼ੀਨਗੋਈ ਕੀਤੀ ਸੀ।

ਬਹੁਤ ਹੀ ਅਸਥਿਰ ਵਿਸ਼ਵ ਆਰਥਿਕ ਹਾਲਾਤ ਦੇ ਬਾਵਜੂਦ, ਕਈ ਢਾਂਚਾਗਤ ਤਾਕਤਾਂ, ਭਾਰਤ ਦੀ ਆਰਥਿਕਤਾ ਨੂੰ ਮਜ਼ਬੂਤੀ ਦੇ ਰਹੀਆਂ ਨੇ। ਇਨ੍ਹਾਂ ਵਿੱਚ ਮਜ਼ਬੂਤ ਘਰੇਲੂ ਮੰਗ, ਸੇਵਾਵਾਂ ਦੀ ਮਜ਼ਬੂਤ ਗਤੀਵਿਧੀ, ਢਾਂਚਾਗਤ ਸੁਧਾਰ ਅਤੇ ਜਨਸੰਖਿਆਕੀ ਸ਼ਾਮਲ ਨੇ।

ਭਾਰਤ ਸਭ ਤੋਂ ਤੇਜ਼ੀ ਨਾਲ ਵਧ ਰਹੀ ਪ੍ਰਮੁੱਖ ਅਰਥਵਿਵਸਥਾ ਵਜੋਂ ਆਪਣੀ ਸਥਿਤੀ ਨੂੰ ਮਜ਼ਬੂਤ ਕਰ ਰਿਹਾ ਏ।

---------------------------------------------------

ਦਿੱਲੀ ਪੁਲਿਸ ਨੇ ਕਾਕਰੋਚ ਜਨਤਾ ਪਾਰਟੀ - CJP ਦੇ ਆਗੂਆਂ ਸੌਰਭ ਦਾਸ ਅਤੇ ਆਸ਼ੂਤੋਸ਼ ਰੰਕਾ ਨੂੰ ਹਿਰਾਸਤ ਵਿੱਚ ਲੈ ਲਿਆ ਏ। ਇਹ ਲੋਕ ਰਾਸ਼ਟਰੀ ਰਾਜਧਾਨੀ ਵਿੱਚ ਜੰਤਰ-ਮੰਤਰ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰ ਰਹੇ ਸਨ। ਦਿੱਲੀ ਪੁਲਿਸ ਨੇ ਕੱਲ੍ਹ ਜੰਤਰ-ਮੰਤਰ ਨੂੰ ਨਿਰਧਾਰਿਤ ਵਿਰੋਧ ਪ੍ਰਦਰਸ਼ਨ ਸਥਾਨਾਂ ਦੀ ਸੂਚੀ ਵਿੱਚੋਂ ਹਟਾ ਦਿੱਤਾ ਸੀ। ਤਿੰਨ ਨਵੇਂ

ਵਿਰੋਧ ਪ੍ਰਦਰਸ਼ਨ ਸਥਾਨ - ਰਾਮਲੀਲਾ ਮੈਦਾਨ, ਬੁਰਾੜੀ ਗਰਾਊਂਡ ਅਤੇ CBD ਮੈਦਾਨ, NOTIFY ਕੀਤੇ ਗਏ ਨੇ।

-----------------------------------------------------

ਪੰਜਾਬ ਦੇ ਮਾਨਸਾ ਵਿੱਚ ਅੱਜ ਦਿਨ-ਦਿਹਾੜੇ ਨਸ਼ਾ-ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਹ ਹੱਤਿਆ ਇੱਕ ਕੈਮਿਸਟ ਵੱਲੋਂ ਕੀਤੀ ਗਈ ਏ, ਜਿਸ ਕੋਲ ਉਹ ਕਥਿਤ ਤੌਰ 'ਤੇ ਨਸ਼ੇ ਵੇਚਣ ਬਾਰੇ ਇਤਰਾਜ਼ ਜਤਾਉਣ ਲਈ ਗਿਆ ਸੀ।

ਨਸ਼ਾ-ਵਿਰੋਧੀ ਕਾਰਕੁਨ ਅਤੇ ਉਸਦੇ ਸਾਥੀਆਂ ਨਾਲ ਹੋਈ ਬਹਿਸ ਦੌਰਾਨ, ਕੈਮਿਸਟ ਨੇ ਪਰਵਿੰਦਰ 'ਤੇ ਗੋਲੀ ਚਲਾ ਦਿੱਤੀ। ਉਸ ਨੂੰ ਤਿੰਨ ਗੋਲੀਆਂ ਲੱਗੀਆਂ। ਉਸ ਨੂੰ ਸਿਵਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਦੌਰਾਨ, ਮਾਨਸਾ ਦੇ ਸੀਨੀਅਰ ਪੁਲਿਸ ਸੁਪਰਡੈਂਟ ਵੈਭਵ ਚੌਧਰੀ ਨੇ ਕਿਹਾ ਏ ਕਿ ਕਾਤਲ ਨੂੰ ਜਲਦੀ ਤੋਂ ਜਲਦੀ ਗ੍ਰਿਫ਼ਤਾਰ ਕਰਨ ਲਈ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਏ।

**BYTE: SSP VAIBHAV CHAUDHARY**

ਬੀਜੇਪੀ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਸਮੇਤ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੇਤਾਵਾਂ ਨੇ ਇਸ ਘਟਨਾ ਦੀ ਨਿੰਦਾ ਕੀਤੀ ਏ ਅਤੇ ਅਮਨ-ਕਾਨੂੰਨ ਦੀ ਵਿਗੜਦੀ ਸਥਿਤੀ ਲਈ ਸੂਬਾ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਏ।

---

ਕੈਨੇਡਾ ਦੇ ਵਿਦੇਸ਼ ਮੰਤਰੀ ਅਨੀਤਾ ਆਨੰਦ ਅੱਜ ਤੋਂ ਭਾਰਤ ਦੇ ਦੋ-ਦਿਨਾਂ ਦੌਰੇ 'ਤੇ ਹੋਣਗੇ। ਇਸ ਦੌਰੇ ਦੌਰਾਨ, ਉਹ ਭਲਕੇ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਅਤੇ ਹੁਨਰ ਵਿਕਾਸ ਤੇ ਉੱਦਮਤਾ ਮੰਤਰੀ ਜਯੰਤ ਚੌਧਰੀ ਨਾਲ ਮੁਲਾਕਾਤ ਕਰਨਗੇ।

ਇਸ ਦੌਰਾਨ, ਭਾਰਤ ਵਿੱਚ ਕੈਨੇਡਾ ਦੇ ਹਾਈ ਕਮਿਸ਼ਨਰ ਕ੍ਰਿਸਟੋਫਰ ਕੂਟਰ ਨੇ ਕਿਹਾ ਏ ਕਿ ਕੈਨੇਡਾ, ਤਜਵੀਜ਼ਸ਼ੁਦਾ ਮੁਕਤ ਵਪਾਰ ਸਮਝੌਤਾ, ਵਧੇਰੇ ਨਿਵੇਸ਼ ਅਤੇ ਦੋਵਾਂ ਦੇਸ਼ਾਂ ਵਿਚਕਾਰ ਲੋਕਾਂ ਦੀ ਆਵਾਜਾਈ ਰਾਹੀਂ, ਭਾਰਤ ਨਾਲ ਦੁਵੱਲੇ ਵਪਾਰ ਨੂੰ ਮਜ਼ਬੂਤ ਕਰਨ ਦਾ ਚਾਹਵਾਨ ਏ। ਉਨ੍ਹਾਂ ਇਹ ਵੀ ਕਿਹਾ ਕਿ ਸੈਰ-ਸਪਾਟਾ ਦੋਵਾਂ ਦੇਸ਼ਾਂ ਲਈ ਇੱਕ ਅਹਿਮ ਖੇਤਰ ਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, ਬਲੂਮਬਰਗ ਨਿਊ ਇਕਾਨਮੀ ਫੌਰਮ ਨੂੰ ਸੰਬੋਧਨ ਕੀਤਾ - ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਆਪਣੇ ਸ਼ਾਸਨ ਦ੍ਰਿਸ਼ਟੀਕੋਣ ਵਿੱਚ, 'ਸ਼ਕਤੀ ਤੋਂ ਸ਼ਕਤੀਕਰਨ' ਦੇ ਸਿਧਾਂਤ ਨੂੰ ਅਪਣਾਇਆ ਏ।

- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਦਹਿਸ਼ਤਗਰਦੀ ਪ੍ਰਤੀ ਭਾਰਤ ਦੀ ਜ਼ੀਰੋ-ਟੌਲਰੈਂਸ ਨੀਤੀ ਨੂੰ ਦੁਹਰਾਉਂਦਿਆਂ, ਇਸ ਦੇ ਮੁਕਾਬਲੇ ਲਈ, ਸਮੂਹਿਕ ਸੰਕਲਪ ਦਾ ਸੱਦਾ ਦਿੱਤਾ ਏ।

- ਅੰਤਰਰਾਸ਼ਟਰੀ ਮੁਦਰਾ ਫੰਡ - IMF ਨੇ ਮੌਜੂਦਾ ਅਤੇ ਅਗਲੇ ਵਿੱਤੀ ਸਾਲ ਲਈ, ਭਾਰਤ ਦੀ GDP ਵਿਕਾਸ ਦਰ ਦਾ ਅਨੁਮਾਨ ਵਧਾ ਕੇ, 7 ਫ਼ੀਸਦੀ ਕਰ ਦਿੱਤਾ ਏ।

- ਦਿੱਲੀ ਪੁਲਿਸ ਨੇ ਕਾਕਰੋਚ ਜਨਤਾ ਪਾਰਟੀ - CJP ਦੇ ਆਗੂਆਂ, ਸੌਰਭ ਦਾਸ ਅਤੇ ਆਸ਼ੂਤੋਸ਼ ਰੰਕਾ ਨੂੰ ਹਿਰਾਸਤ ਵਿੱਚ ਲੈ ਲਿਆ ਏ।

- ਪੰਜਾਬ ਦੇ ਮਾਨਸਾ ਵਿੱਚ ਅੱਜ ਨਸ਼ਾ-ਵਿਰੋਧੀ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ।

-----------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮੀਂ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!**